ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 01-06-2026 (18 ਜੇਠ ਸੰਮਤ ਨਾਨਕਸ਼ਾਹੀ 558) ਦੇ ਮਤਾ ਨੰਬਰ 465 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਸ੍ਰ. ਹਰਿੰਦਰ ਸਿੰਘ ਜੀ ਤਰਨ ਤਾਰਨੀ ਸਾਬਕਾ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦੀ ਹੈ। ਇਨ੍ਹਾਂ ਨੇ ਕਾਰਜਕਾਰੀ ਪ੍ਰਧਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਵਜੋਂ ਵੀ ਸੇਵਾ ਨਿਭਾਈਆਂ। ਸ੍ਰ. ਹਰਿੰਦਰ ਸਿੰਘ ਜੀ ਤਰਨ ਤਾਰਨੀ ਨੇ ਲੰਮੇ ਸਮੇਂ ਤੱਕ ਧਰਮ ਪ੍ਰਚਾਰ ਲਈ ਅਹਿਮ ਭੂਮਿਕਾ ਨਿਭਾਈ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ-ਪ੍ਰਸਾਰ ਵਿੱਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਸ੍ਰ. ਹਰਿੰਦਰ ਸਿੰਘ ਜੀ ਤਰਨ ਤਾਰਨੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 90795 (T) ਮਿਤੀ 9-06-2026.

ਉਤਾਰਾ: ਸਬੰਧਤਾਂ ਪਾਸ ਇਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

੧ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 01-06-2026 (18 ਜੇਠ ਸੰਮਤ ਨਾਨਕਸ਼ਾਹੀ 558) ਦੇ ਮਤਾ ਨੰਬਰ 616 ਦੀ ਨਕਲ :-**

ਪੰਜਾਬ ਸਰਕਾਰ ਦੁਆਰਾ ਪਾਸ ਕੀਤੇ ਗਏ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ 2026' ਵਿਚਲੇ ਇਤਰਾਜ਼ਾਂ ਬਾਰੇ ਸ੍ਰੀ ਅਕਾਲ ਤਖਤ ਦੀ ਸਰਪ੍ਰਸਤੀ ਹੇਠ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਈ ਵਿਸ਼ਾਲ ਪੰਥਕ ਕਾਨਫਰੰਸ ਵਿਚ ਸ਼ਮੂਲੀਅਤ ਕਰਨ ਦਾ ਮਾਮਲਾ, **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਦੀ ਇਕੱਤਰਤਾ ਪੰਜਾਬ ਸਰਕਾਰ ਦੁਆਰਾ ਪਾਸ ਕੀਤੇ ਗਏ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ 2026' ਵਿਚਲੇ ਇਤਰਾਜ਼ਾਂ ਬਾਰੇ ਸ੍ਰੀ ਅਕਾਲ ਤਖਤ ਦੀ ਸਰਪ੍ਰਸਤੀ ਹੇਠ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਈ ਵਿਸ਼ਾਲ ਪੰਥਕ ਕਾਨਫਰੰਸ ਵਿਚ ਸ਼ਮੂਲੀਅਤ ਕਰਨ ਲਈ ਸਮੂਹ ਪੰਥਕ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਿੱਖ ਫੈਡਰੇਸ਼ਨਾਂ, ਸਭਾ ਸੁਸਾਇਟੀਆਂ, ਉਦਾਸੀ, ਨਿਰਮਲੇ ਤੇ ਕਾਰਸੇਵਾ ਵਾਲੇ ਮਹਾਂਪੁਰਸ਼, ਸੇਵਾ ਪੰਥੀ ਸੰਪ੍ਰਦਾਵਾਂ, ਗੁਰਦੁਆਰਾ ਕਮੇਟੀਆਂ , ਗ੍ਰੰਥੀ ਤੇ ਅਖੰਡਪਾਠੀ ਸਿੰਘਾਂ, ਸਿੱਖ ਵਿਦਵਾਨਾਂ ਤੇ ਬੁੱਧੀਜੀਵੀਆਂ ਸਮੇਤ ਸਿੱਖ ਸੰਗਤਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦੀ ਹੈ। ਇਸ ਪੰਥਕ ਕਾਨਫਰੰਸ ਵਿਚ ਜਿਥੇ ਸਿੱਖ ਜਥੇਬੰਦੀਆਂ ਦੇ ਮੁੱਖੀ ਸਾਹਿਬਾਨ ਨੇ ਸ਼ਿਰਕਤ ਕੀਤੀ, ਉਥੇ ਹੀ ਵੱਡੀ ਗਿਣਤੀ 'ਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਇਸ ਐਕਟ ਪ੍ਰਤੀ ਆਪਣੀਆਂ ਭਾਵਨਾਵਾਂ ਪ੍ਰਗਟ ਕੀਤੀਆਂ। ਅੰਤ੍ਰਿੰਗ ਕਮੇਟੀ ਸੰਗਤਾਂ ਨੂੰ ਪ੍ਰੇਰਣਾ ਕਰਕੇ ਲਿਆਉਣ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸਮਰਪਿਤ ਹੁੰਦਿਆਂ ਆਪਣੀਆਂ ਜ਼ਿੰਮੇਵਾਰੀਆਂ ਤਨਦੇਹੀ ਨਾਲ ਨਿਭਾਉਣ ਲਈ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਸਕੱਤਰ ਸਾਹਿਬਾਨ, ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥਿਆਂ ਸਮੇਤ ਸ਼੍ਰੋਮਣੀ ਗੁ:ਪ੍ਰ:ਕਮੇਟੀ ਤੇ ਧਰਮ ਪ੍ਰਚਾਰ ਕਮੇਟੀ ਤੇ ਗੁਰਦੁਆਰਾ ਸਾਹਿਬਾਨ ਦੇ ਸਮੂਹ ਕਰਮਚਾਰੀਆਂ ਦੀ ਵੀ ਸ਼ਲਾਘਾ ਕਰਦੀ ਹੈ।**

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ਧ੦ 986. ਦਾ

ਮਿਤੀ 16-06-2026

ਉਤਾਰਾ:
1. ਸਕੱਤਰ ਸਾਹਿਬ, ਧਰਮ ਪ੍ਰਚਾਰ ਕਮੇਟੀ।
2. ਇੰਚਾਰਜ ਜੀ, ਸ਼ਤਾਬਦੀਆਂ ਬ੍ਰਾਂਚ, ਧਰਮ ਪ੍ਰਚਾਰ ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।